15ਵੀਂ ਵਿਧਾਨ ਸਭਾ
ਦੂਜਾ ਸਮਾਗਮ

ਪੰਜਾਬ ਵਿਧਾਨ ਸਭਾ
ਬੁਲੇਟਿਨ ਨੰ: 1

ਬੁੱਧਵਾਰ, 14 ਜੂਨ, 2017

**(2.00 ਵਜੇ ਬਾਅਦ ਦੁਪਹਿਰ ਤੋਂ 02.19 ਵਜੇ ਬਾਅਦ ਦੁਪਹਿਰ ਤੱਕ)**

1. **ਅਕਾਲ ਚਲਾਣਿਆਂ ਦਾ ਵਰਣਨ:**

ਮਾਨਯੋਗ ਸਪੀਕਰ ਨੇ ਨਿਮਨਲਿਖਤ ਦੇ ਅਕਾਲ ਚਲਾਣਿਆਂ ਦਾ ਵਰਣਨ ਕੀਤਾ :-

1. ਸ੍ਰੀ ਵਿਨੋਦ ਖੰਨਾ, ਮੈਂਬਰ ਲੋਕ ਸਭਾ;
2. ਸਰਦਾਰ ਕੰਵਰਪਾਲ ਸਿੰਘ ਗਿੱਲ, ਸਾਬਕਾ-ਡੀ.ਜੀ.ਪੀ, ਪੰਜਾਬ ;
3. ਸਰਦਾਰ ਨਿਸ਼ਾਨ ਸਿੰਘ, ਸੁਤੰਤਰਤਾ ਸੰਗਰਾਮੀ;
4. ਸਰਦਾਰ ਗੁਰਦੇਵ ਸਿੰਘ, ਸੁਤੰਤਰਤਾ ਸੰਗਰਾਮੀ;
5. ਸਰਦਾਰ ਬੰਤਾ ਸਿੰਘ, ਸੁਤੰਤਰਤਾ ਸੰਗਰਾਮੀ;
6. ਸ਼ਹੀਦ ਪਰਮਜੀਤ ਸਿੰਘ;
7. ਸ਼ਹੀਦ ਰਘੁਵੀਰ ਸਿੰਘ, ਇੰਸਪੈਕਟਰ-ਕਮ- ਕੰਪਨੀ ਕਮਾਂਡਰ (ਸੀ.ਆਰ.ਪੀ.ਐਫ);
8. ਸਰਦਾਰ ਲਵਪ੍ਰੀਤ ਸਿੰਘ, ਸਿਪਾਹੀ;
9. ਡਾ.ਦਿਲਬਾਗ ਸਿੰਘ ਅਠਵਾਲ, ਖੇਤੀਬਾੜੀ ਵਿਗਿਆਨੀ; ਅਤੇ
10. ਸਰਦਾਰ ਕ੍ਰਿਪਾਲ ਸਿੰਘ ਖੀਰਨੀਆਂ, ਉੱਘੀ ਸ਼ਖਸੀਅਤ

2. **ਵਾਕ ਆਊਟ**

i) ਸ਼੍ਰੋਮਣੀ ਅਕਾਲੀ ਦਲ ਦੇ ਸਦਨ ਵਿੱਚ ਹਾਜ਼ਰ ਮੈਂਬਰ, ਸਰਦਾਰ ਕੰਵਰਪਾਲ ਸਿੰਘ ਗਿੱਲ, ਸਾਬਕਾ ਡੀ.ਜੀ.ਪੀ., ਪੰਜਾਬ ਨੂੰ ਸਦਨ ਵੱਲੋਂ ਸ਼ਰਧਾਂਜਲੀ ਦਿੱਤੇ ਜਾਣ ਦੇ ਵਿਰੋਧ ਵਜੋਂ ਸਦਨ ਵਿੱਚੋਂ ਵਾਕ ਆਊਟ ਕਰ ਗਏ।

ii) ਲੋਕ ਇਨਸਾਫ ਪਾਰਟੀ ਦੇ ਦੋਵੇਂ ਮੈਂਬਰ, ਸਰਦਾਰ ਕੰਵਰਪਾਲ ਸਿੰਘ ਗਿੱਲ, ਸਾਬਕਾ ਡੀ.ਜੀ.ਪੀ., ਪੰਜਾਬ ਨੂੰ ਸਦਨ ਵੱਲੋਂ ਸ਼ਰਧਾਂਜਲੀ ਦਿੱਤੇ ਜਾਣ ਦੇ ਵਿਰੋਧ ਵਜੋਂ ਸਦਨ ਵਿੱਚੋਂ ਵਾਕ ਆਊਟ ਕਰ ਗਏ।

ਮਾਨਯੋਗ ਸਪੀਕਰ ਵੱਲੋਂ ਉਪਰੋਕਤ ਵਰਣਿਤ ਮਹਾਨ ਸ਼ਖਸੀਅਤਾਂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ ਅਤੇ ਇਨ੍ਹਾਂ ਸ਼ਖਸੀਅਤਾਂ ਤੋਂ ਇਲਾਵਾ ਪ੍ਰੋ.ਬਲਜਿੰਦਰ ਕੌਰ, ਐਮ.ਐਲ.ਏ. ਅਤੇ ਸਰਦਾਰ ਸੁਖਜਿੰਦਰ ਸਿੰਘ ਰੰਧਾਵਾ, ਐਮ.ਐਲ.ਏ ਵੱਲੋਂ ਖੁਦਕੁਸ਼ੀਆਂ ਕਰ ਚੁੱਕੇ ਕਿਸਾਨਾਂ ਨੂੰ ਅਤੇ ਸਰਦਾਰ ਨਵਜੋਤ ਸਿੰਘ ਸਿੱਧੂ, ਸਥਾਨਕ ਸਰਕਾਰ ਮੰਤਰੀ ਵੱਲੋਂ ਪਿਛਲੇ ਦਸ ਸਾਲਾਂ ਵਿੱਚ ਨਸ਼ਿਆਂ ਕਾਰਨ ਮਾਰੇ ਗਏ ਨੌਜਵਾਨਾਂ ਨੂੰ ਵੀ ਅੱਜ ਦੇ ਸ਼ੋਕ ਪ੍ਰਸਤਾਵਾਂ ਵਾਲੀ ਸੂਚੀ ਵਿੱਚ ਸ਼ਾਮਲ ਕਰਨ ਲਈ ਕਹੇ ਜਾਣ ਤੇ ਮਾਨਯੋਗ ਸਪੀਕਰ ਵੱਲੋਂ ਉਨ੍ਹਾਂ ਨੂੰ ਵੀ ਸ਼ਰਧਾਂਜਲੀਆਂ ਵਾਲੀ ਸੂਚੀ ਵਿੱਚ ਸ਼ਾਮਲ ਕਰ ਲਿਆ ਗਿਆ।

ਮਾਨਯੋਗ ਸਪੀਕਰ ਵੱਲੋਂ ਸਦਨ ਨੂੰ ਸੂਚਿਤ ਕੀਤਾ ਗਿਆ ਕਿ ਸਵਰਗਵਾਸੀਆਂ ਦੇ ਦੁਖੀ ਪਰਿਵਾਰਾਂ ਨੂੰ ਸ਼ੋਕ ਸੁਨੇਹੇ ਭੇਜ ਦਿੱਤੇ ਜਾਣਗੇ।

ਸਦਨ ਨੇ ਵਿਛੜੀਆਂ ਰੂਹਾਂ ਦੀ ਯਾਦ ਵਿੱਚ ਸਤਿਕਾਰ ਵਜੋਂ ਦੋ ਮਿੰਟ ਲਈ ਮੌਨ ਧਾਰਨ ਕੀਤਾ।

ਇਸ ਉਪਰੰਤ ਸਦਨ ਬਿਨਾਂ ਕੋਈ ਹੋਰ ਕੰਮ-ਕਾਰ ਕੀਤਿਆਂ ਵੀਰਵਾਰ ਮਿਤੀ 15 ਜੂਨ, 2017 ਦੇ 10.00 ਵਜੇ ਸਵੇਰ ਤੱਕ ਸਥੱਗਿਤ ਹੋ ਗਿਆ।

ਚੰਡੀਗੜ:
14 ਜੂਨ, 2017

17/1/2

Principal Chief Reporter
Punjab Vidhan Sabha
Chandigrah

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ ।